# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 19-01-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਦੇਸ਼, ਪੁਲਾੜ ਤਕਨੋਲੋਜੀ ਵਿੱਚ ਨਵੇਂ ਮਿਆਰ ਸਥਾਪਤ ਕਰ ਰਿਹਾ ਏ ਅਤੇ ਵਿਗਿਆਨੀ ਅਤੇ ਖੋਜਕਰਤਾ ਭਵਿੱਖ ਦੀਆਂ ਚੁਣੌਤੀਆਂ ਦਾ ਹੱਲ ਪ੍ਰਦਾਨ ਕਰ ਰਹੇ ਨੇ। ਅੱਜ ਆਕਾਸ਼ਵਾਣੀ 'ਤੇ ਆਪਣੇ ਮਨ ਕੀ ਬਾਤ ਪ੍ਰੋਗਰਾਮ ਦੇ 118ਵੇਂ ਐਪੀਸੋਡ ਵਿੱਚ, ਦੇਸ਼ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ, ਸ਼੍ਰੀ ਮੋਦੀ ਨੇ ਪੁਲਾੜ ਖੇਤਰ ਵਿੱਚ ਰਾਸ਼ਟਰ ਦੀਆਂ ਹਾਲੀਆ ਪ੍ਰਾਪਤੀਆਂ ਦੀ ਸ਼ਲਾਘਾ ਕੀਤੀ । ਦੇਸ਼ ਦੇ ਪਹਿਲੇ ਨਿੱਜੀ ਉਪਗ੍ਰਹਿ ਤਾਰਾਮੰਡਲ 'ਫਾਇਰ-ਫਲਾਈ' ਨੂੰ ਸਫਲਤਾ-ਪੂਰਵਕ ਛੱਡਣ ਲਈ ਬੈਂਗਲੁਰੂ ਸਥਿਤ, ਭਾਰਤੀ ਪੁਲਾੜ-ਤਕਨੀਕੀ ਸਟਾਰਟ-ਅੱਪ, 'ਪਿਕਸਲ' ਦੀ ਸ਼ਲਾਘਾ ਕਰਦਿਆਂ ਕਿਹਾ ।

**BYTE:**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, 75ਵੇਂ ਗਣਤੰਤਰ ਦਿਵਸ ਲਈ ਅਗਾਊਂ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਇਸ ਸਾਲ ਦਾ ਜਸ਼ਨ ਖਾਸ ਏ ਕਿਉਂਕਿ ਇਸ ਸਾਲ ਸੰਵਿਧਾਨ ਲਾਗੂ ਹੋਣ ਦੀ 75ਵੀਂ ਵਰ੍ਹੇਗੰਢ ਏ।

**BYTE:**

ਪ੍ਰਧਾਨ ਮੰਤਰੀ ਮੋਦੀ ਨੇ 25 ਜਨਵਰੀ ਨੂੰ ਮਨਾਏ ਜਾਣ ਵਾਲੇ, ਰਾਸ਼ਟਰੀ ਵੋਟਰ ਦਿਵਸ ਦੀ ਮਹੱਤਤਾ 'ਤੇ ਵੀ ਚਾਨਣਾ ਪਾਇਆ। ਇਹ ਦਿਨ ਮਹੱਤਵਪੂਰਨ ਏ, ਕਿਉਂਕਿ ਇਸ ਦਿਨ ਭਾਰਤ ਦੇ ਚੋਣ ਕਮਿਸ਼ਨ ਦੀ ਸਥਾਪਨਾ ਕੀਤੀ ਗਈ ਸੀ। ਉੱਤਰ ਪ੍ਰਦੇਸ਼ ਦੇ ਪ੍ਰਯਾਗਰਾਜ ਵਿੱਚ ਚੱਲ ਰਹੇ ਮਹਾਕੁੰਭ 'ਤੇ ਪ੍ਰਧਾਨ ਮੰਤਰੀ ਨੇ ਕਿਹਾ, ਇਹ ਸਮਾਨਤਾ ਅਤੇ ਸਦਭਾਵਨਾ ਦਾ ਬੇਮਿਸਾਲ ਸੰਗਮ ਏ। ਉਨ੍ਹਾਂ ਕਿਹਾ, ਕੁੰਭ, ਅਨੇਕਤਾ ਵਿੱਚ ਏਕਤਾ ਦਾ ਤਿਉਹਾਰ ਮਨਾਉਂਦਾ ਏ। ਪ੍ਰਧਾਨ ਮੰਤਰੀ ਨੇ ਜ਼ਿਕਰ ਕੀਤਾ ਕਿ ਕੁੰਭ, ਪੁਸ਼ਕਰਮ ਅਤੇ ਗੰਗਾ ਸਾਗਰ ਮੇਲਾ, ਤਿਉਹਾਰ ਸਮਾਜਿਕ ਏਕਤਾ, ਸਦਭਾਵਨਾ ਅਤੇ ਏਕਤਾ ਨੂੰ ਵਧਾਉਂਦੇ ਨੇ।

**BYTE:**

ਸ੍ਰੀ ਰਾਮ ਲੱਲਾ ਦੇ ਪ੍ਰਾਣ ਪ੍ਰਤਿਸ਼ਠਾ ਪਰਵ ਦੀ ਪਹਿਲੀ ਵਰ੍ਹੇਗੰਢ ਮੌਕੇ ਪ੍ਰਧਾਨ ਮੰਤਰੀ ਨੇ ਕਿਹਾ, ਲੱਖਾਂ ਰਾਮ ਭਗਤਾਂ ਨੇ ਅਯੁੱਧਿਆ 'ਚ ਰਾਮ ਲੱਲਾ ਦੇ ਦਰਸ਼ਨ ਕੀਤੇ ਅਤੇ ਪੌਸ਼ ਸ਼ੁਕਲ ਦਵਾਦਸ਼ੀ ਦੇ ਦਿਨ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਪ੍ਰਧਾਨ ਮੰਤਰੀ ਨੇ ਸਟਾਰਟ-ਅੱਪ ਇੰਡੀਆ ਦੇ 9 ਸਾਲ ਪੂਰੇ ਹੋਣ ਦਾ ਵੀ ਜ਼ਿਕਰ ਕੀਤਾ। ਨੇਤਾਜੀ ਸੁਭਾਸ਼ ਚੰਦਰ ਬੋਸ ਦੇ ਯੋਗਦਾਨ ਨੂੰ ਯਾਦ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ, ਦੇਸ਼, ਨੇਤਾ ਜੀ ਦੀ ਜੈਯੰਤੀ 'ਤੇ 23 ਜਨਵਰੀ ਨੂੰ ਪਰਾਕਰਮ ਦਿਵਸ ਵਜੋਂ ਮਨਾਏਗਾ। ਉਨ੍ਹਾਂ ਨੂੰ ਦੂਰਅੰਦੇਸ਼ੀ ਆਗੂ ਕਰਾਰ ਦਿੰਦਿਆਂ ਸ੍ਰੀ ਮੋਦੀ ਨੇ ਕਿਹਾ, ਨੇਤਾ ਜੀ ਦੇ ਸੁਭਾਅ ਵਿੱਚ ਸਾਹਸ ਮੌਜੂਦ ਸੀ। ਸ੍ਰੀ ਮੋਦੀ ਨੇ ਦੇਸ਼ ਦੇ ਨੌਜਵਾਨਾਂ ਨੂੰ, ਨੇਤਾ ਜੀ ਬਾਰੇ ਵੱਧ ਤੋਂ ਵੱਧ ਪੜ੍ਹਣ ਅਤੇ ਉਨ੍ਹਾਂ ਦੇ ਜੀਵਨ ਤੋਂ ਪ੍ਰੇਰਨਾ ਲੈਣ ਦੀ ਅਪੀਲ ਕੀਤੀ।

-----------------------------------------------------

ਕੇਂਦਰ ਸਰਕਾਰ ਨੇ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਦੀਆਂ ਮੰਗਾਂ 'ਤੇ

ਵਿਚਾਰ ਕਰਨ ਲਈ, 14 ਫਰਵਰੀ ਨੂੰ ਚੰਡੀਗੜ੍ਹ ਵਿਖੇ ਕਿਸਾਨਾਂ ਨਾਲ ਮੀਟਿੰਗ ਕਰਨ ਦੀ ਤਜਵੀਜ਼ ਰੱਖੀ ਏ । ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੀ ਸੰਯੁਕਤ ਸਕੱਤਰ ਪ੍ਰਿਆ ਰੰਜਨ ਦੀ ਅਗਵਾਈ ਹੇਠ, ਕੇਂਦਰ ਸਰਕਾਰ ਦੇ ਅਧਿਕਾਰੀਆਂ ਨੇ ਇੱਕ ਵਫ਼ਦ ਨੇ ਬੀਤੀ ਸ਼ਾਮ ਮਰਨ ਵਰਤ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਅਤੇ ਹੋਰਨਾਂ ਨਾਲ ਮੁਲਾਕਾਤ ਕੀਤੀ ਅਤੇ 14 ਫਰਵਰੀ ਨੂੰ ਗੱਲਬਾਤ ਲਈ ਸੱਦਾ ਦਿੱਤਾ। ਸ੍ਰੀ ਡੱਲੇਵਾਲ ਫ਼ਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਦੀ ਕਾਨੂੰਨੀ ਗਾਰੰਟੀ ਸਮੇਤ ਹੋਰ ਮੰਗਾਂ ਨੂੰ ਲੈ ਕੇ ਪੰਜਾਬ-ਹਰਿਆਣਾ ਦੀ ਖਨੌਰੀ ਸਰਹੱਦ ’ਤੇ ਪਿਛਲੇ 54 ਦਿਨਾਂ ਤੋਂ ਮਰਨ ਵਰਤ ’ਤੇ ਬੈਠੇ ਨੇ । ਉਨ੍ਹਾਂ ਨੂੰ ਕਈ ਕਿਸਾਨ ਜਥੇਬੰਦੀਆਂ ਦਾ ਸਮਰਥਨ ਹਾਸਲ ਏ । ਜਾਣਕਾਰੀ ਮਿਲੀ ਏ ਕਿ ਸ੍ਰੀ ਡੱਲੇਵਾਲ ਨੇ ਡਾਕਟਰੀ ਇਲਾਜ ਲਈ ਸਹਿਮਤ ਹੋ ਗਏ ਨੇ ।

---------------------------------------------------------

ਚੰਡੀਗੜ੍ਹ ਦੀ ਕੇਂਦਰੀ ਜਾਂਚ ਬਿਊਰੋ-CBI ਅਦਾਲਤ ਨੇ, ਹਿਮਾਚਲ ਪ੍ਰਦੇਸ਼ ਦੇ ਸ਼ਿਮਲਾ ਜ਼ਿਲ੍ਹੇ ਵਿੱਚ 2017 ਦੇ ਕੋਟਖਾਈ ਜਬਰ ਜਨਾਹ ਅਤੇ

ਕਤਲ ਮਾਮਲੇ ਦੇ ਮੁਲਜ਼ਮ ਸੂਰਜ ਦੇ ਹਿਰਾਸਤ 'ਚ ਕਤਲ ਕੇਸ ਵਿੱਚ ਇੰਸਪੈਕਟਰ ਜਨਰਲ ਆਫ ਪੁਲੀਸ ਜ਼ਹੂਰ ਹੈਦਰ ਜ਼ੈਦੀ ਅਤੇ ਅੱਠ ਹੋਰ ਪੁਲੀਸ ਮੁਲਾਜ਼ਮਾਂ ਨੂੰ ਦੋਸ਼ੀ ਠਹਿਰਾਇਆ ਏ ।ਸਰਵਉੱਚ ਅਦਾਲਤ ਦੇ ਹੁਕਮਾਂ ਮਗਰੋਂ, ਚੰਡੀਗੜ੍ਹ ਦੀ CBI ਅਦਾਲਤ ਵਿੱਚ ਮੁਕਦਮਾ ਚੱਲਿਆ ਸੀ । ਇਸ ਮਾਮਲੇ ਵਿੱਚ ਸਜ਼ਾ 27 ਜਨਵਰੀ ਨੂੰ ਸੁਣਾਈ ਜਾਵੇਗੀ । ਦੋਸ਼ੀ ਠਹਿਰਾਏ ਜਾਣ ਤੋਂ ਬਾਅਦ, ਜ਼ਹੂਰ ਹੈਦਰ ਜ਼ੈਦੀ ਅਤੇ ਅੱਠ ਪੁਲਿਸ ਕਰਮਚਾਰੀਆਂ ਨੂੰ ਹਿਰਾਸਤ ਵਿਚ ਲੈ ਲਿਆ ਗਿਆ ਏ । ਹਾਲਾਂਕਿ ਗਵਾਹਾਂ ਦੇ ਬਿਆਨਾਂ ਅਤੇ ਸਬੂਤਾਂ ਦੀ ਘਾਟ ਕਾਰਨ, ਇਸ ਮਾਮਲੇ ਦੇ ਦੋਸ਼ੀ ਤਤਕਾਲੀ ਪੁਲਿਸ ਸੁਪਰਡੈਂਟ ਡੀ.ਡਬਲਯੂ. ਨੇਗੀ ਨੂੰ ਬਰੀ ਕਰ ਦਿੱਤਾ ਗਿਆ ਏ । ਗੁੜੀਆ ਕਤਲ ਕਾਂਡ ਦੇ 14 ਦਿਨਾਂ ਬਾਅਦ ਕੋਟਖਾਈ ਥਾਣੇ ਦੇ ਲਾਕਅੱਪ ਵਿੱਚ ਮੁਲਜ਼ਮ ਸੂਰਜ ਦਾ ਕਤਲ ਕਰ ਦਿੱਤਾ ਗਿਆ ਸੀ ।

---

ਬਟਾਲਾ ਪੁਲਿਸ ਨੇ ਵਿਦੇਸ਼ ਬੈਠੇ ਗੈਂਗਸਟਰਾਂ ਹੁਸਨਦੀਪ ਸਿੰਘ ਅਤੇ ਪਵਿੱਤਰ ਸਿੰਘ ਖਿਲਾਫ ਇੰਟਰਪੋਲ ਰੈੱਡ ਨੋਟਿਸ ਜਾਰੀ ਕੀਤਾ ਏ ।

ਦੋਵੇਂ ਅਪਰਾਧੀ ਕੈਲੀਫੋਰਨੀਆ ਪੁਲਿਸ ਦੀ ਗ੍ਰਿਫ਼ਤ 'ਚ ਨੇ ਅਤੇ ਹੁਣ ਉਨ੍ਹਾਂ ਨੂੰ ਭਾਰਤ ਲਿਆ ਕੇ ਬਟਾਲਾ ਪੁਲਿਸ ਦੇ ਹਵਾਲੇ ਕੀਤਾ ਜਾਵੇਗਾ। ਬਟਾਲਾ ਦੇ ਸੀਨੀਅਰ ਪੁਲਿਸ ਕਪਤਾਨ ਸੋਹੇਲ ਕਾਸਮ ਮੀਰ ਨੇ ਦੱਸਿਆ ਕਿ ਪੰਜਾਬ ਦੇ ਮਾਝਾ ਖੇਤਰ ਵਿੱਚ ਸਰਗਰਮ ਪਵਿੱਤਰ ਚੌੜਾ ਗਰੋਹ ਦੇ ਮੁਖੀ ਪਵਿੱਤਰ ਸਿੰਘ ਅਤੇ ਹੁਸਨਦੀਪ ਸਿੰਘ ਖ਼ਿਲਾਫ਼ ਕਈ ਅਪਰਾਧਿਕ ਮਾਮਲੇ ਦਰਜ ਨੇ। ਇਸ ਸਮੇਂ ਦੌਰਾਨ ਗੈਂਗਸਟਰ ਦੀ ਅਗਵਾਈ 'ਚ ਇਹ ਗਿਰੋਹ ਕਤਲ, ਕਤਲ ਦੀ ਕੋਸ਼ਿਸ਼, ਲੁੱਟ-ਖੋਹ, ਫਿਰੌਤੀ ਆਦਿ ਵਰਗੀਆਂ ਘਿਨਾਉਣੀਆਂ ਵਾਰਦਾਤਾਂ ਨੂੰ ਅੰਜਾਮ ਦਿੰਦਾ ਰਿਹਾ ਏ। ਉਨ੍ਹਾਂ ਦਸਿਆ ਕਿ ਗੈਂਗ ਦੇ ਸਰਗਨਾ ਪਵਿੱਤਰ ਸਿੰਘ ਦੇ ਖਿਲਾਫ ਅੰਮ੍ਰਿਤਸਰ ਜ਼ਿਲੇ 'ਚ 6 ਅਤੇ ਗੁਰਦਾਸਪੁਰ ਜ਼ਿਲੇ 'ਚ 2 ਮਾਮਲੇ ਦਰਜ ਨੇ। ਦੋਵੇਂ ਫਰਜ਼ੀ ਪਾਸਪੋਰਟ ਬਣਵਾ ਕੇ ਵਿਦੇਸ਼ ਫਰਾਰ ਹੋ ਗਏ ਸਨ। ਉਦੋਂ ਤੋਂ ਹੀ ਬਟਾਲਾ ਪੁਲੀਸ ਇਨ੍ਹਾਂ ਮੁਲਜ਼ਮਾਂ ਦੀ ਹਵਾਲਗੀ ਲਈ ਯਤਨ ਕਰ ਰਹੀ ਏ।